# ਅਰਦਾਸ

## ੧ਓ ਸ੍ਰੀ ਵਾਹਿਗੁਰੂ ਜੀ ਕੀ ਫਤਹਿ ।।

ਸ੍ਰੀ ਭਗੌਤੀ ਜੀ ਸਹਾਇ ।। ਵਾਰ ਸ੍ਰੀ ਭਗੌਤੀ ਜੀ ਕੀ ।।

**ਪਾਤਸ਼ਾਹੀ ੧੦ ।।**

ਪ੍ਰਿਥਮ ਭਗੌਤੀ ਸਿਮਰਿ ਕੈ ਗੁਰ ਨਾਨਕ ਲਈਂ ਧਿਆਇ ।। ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ ।। ਅਰਜਨ ਹਰਿਗੋਬਿੰਦ ਨੋ ਸਿਮਰੌ ਸ੍ਰੀ ਹਰਿਰਾਇ ।। ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸ ਡਿਠੇ ਸਭਿ ਦੁਖ ਜਾਇ ।। ਤੇਗ ਬਹਾਦਰ ਸਿਮਰਿਐ ਘਰ ਨਉਨਿਧਿ ਆਵੈ ਧਾਇ ।। ਸਭ ਥਾਈਂ ਹੋਇ ਸਹਾਇ ।। ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਮਹਾਰਾਜ ਪੰਥ ਦੇ ਵਾਲੀ ਸਭ ਥਾਂਈ ਹੋਇ ਸਹਾਇ ।। ਦਸਾਂ ਪਾਤਸ਼ਾਹੀਆਂ ਜੀ ਦੀ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੀਦਾਰ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ ।।

ਪੰਜਾਂ ਪਿਆਰਿਆਂ, ਚੌਹਾਂ ਸਾਹਿਬਜ਼ਾਦਿਆਂ, ਚਾਲ੍ਹੀਆਂ ਮੁਕਤਿਆਂ, ਹਠੀਆਂ, ਜਪੀਆਂ, ਤਪੀਆਂ, ਜਿਨ੍ਹਾਂ ਨਾਮ ਜਪਿਆ, ਵੰਡ ਛਕਿਆ, ਦੇਗ ਚਲਾਈ, ਤੇਗ ਵਾਹੀ, ਦੇਖ ਕੇ ਅਣਡਿੱਠ ਕੀਤਾ, ਤਿਨ੍ਹਾ ਪਿਆਰਿਆਂ, ਸਚਿਆਰਿਆਂ ਦੀ ਕਮਾਈ ਦਾ ਧਿਆਨ ਧਰ ਕੇ, ਖਾਲਸਾ ਜੀ ਬੋਲੋ ਜੀ ਵਾਹਿਗੁਰੂ ।।

ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿਤੇ, ਬੰਦ ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੜੀਆਂ ਤੇ ਚੜ੍ਹੇ, ਆਰਿਆਂ ਨਾਲ ਚਿਰਾਏ ਗਏ, ਗੁਰਦੁਆਰਿਆਂ ਦੀ ਸੇਵਾ ਲਈ ਕੁਰਬਾਨੀਆਂ ਕੀਤੀਆਂ, ਧਰਮ ਨਹੀਂ ਹਾਰਿਆ, ਸਿੱਖੀ ਕੇਸਾਂ ਸੁਆਸਾਂ ਨਾਲ ਨਿਭਾਹੀ, ਤਿਨ੍ਹਾਂ ਦੀ ਕਮਾਈ ਦਾ ਧਿਆਨ ਧਰ ਕੇ , ਖਾਲਸਾ ਜੀ , ਬੋਲੋ ਜੀ ਵਾਹਿਗੁਰੂ ।।

ਪੰਜਾਂ ਤਖ਼ਤਾਂ, ਸਰਬੱਤ ਗੁਰਦੁਆਰਿਆਂ ਦਾ ਧਿਆਨ ਧਰ ਕੇ ਬੋਲੋ ਜੀ ਵਾਹਿਗੁਰੂ ।।

ਪ੍ਰਿਥਮੇ ਸਰਬੱਤ ਖਾਲਸਾ ਜੀ ਕੀ ਅਰਦਾਸ ਹੈ ਜੀ, ਸਰਬੱਤ ਖਾਲਸਾ ਜੀ ਕੋ ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਚਿੱਤ ਆਵੇ, ਚਿੱਤ ਆਵਨ ਕਾ ਸਦਕਾ ਸਰਬ ਸੁਖ ਹੋਵੇ ।। ਜਹਾਂ ਜਹਾਂ ਖਾਲਸਾ ਜੀ ਸਾਹਿਬ, ਤਹਾਂ ਤਹਾਂ ਰੱਛਿਆ ਰਿਆਇਤ, ਦੇਗ ਤੇਗ ਫਤਹ, ਬਿਰਦ ਕੀ ਪੈਜ, ਪੰਥ ਕੀ ਜੀਤ, ਸ੍ਰੀ ਸਾਹਿਬ ਜੀ ਸਹਾਇ, ਖਾਲਸੇ ਜੀ ਕੇ ਬੋਲ ਬਾਲੇ, ਬੋਲੋ ਜੀ ਵਾਹਿਗੁਰੂ ।।

ਸਿੱਖਾਂ ਨੂੰ ਸਿੱਖੀ ਦਾਨ, ਕੇਸ ਦਾਨ, ਰਹਿਤ ਦਾਨ, ਬਿਬੇਕ ਦਾਨ, ਵਿਸਾਹ ਦਾਨ, ਭਰੋਸਾ ਦਾਨ, ਦਾਨਾਂ ਸਿਰ ਦਾਨ ਨਾਮ ਦਾਨ, ਸ੍ਰੀ ਅੰਮ੍ਰਿਤਸਰ ਜੀ ਦੇ ਇਸ਼ਨਾਨ, ਚੌਂਕੀਆਂ, ਝੰਡੇ, ਬੁੰਗੇ, ਜੁਗੋ ਜੁਗ ਅਟੱਲ, ਧਰਮ ਕਾ ਜੈਕਾਰ, ਬੋਲੋ ਜੀ ਵਾਹਿਗੁਰੂ ।।

ਸਿੱਖਾਂ ਦਾ ਮਨ ਨੀਵਾਂ, ਮੱਤ ਉੱਚੀ, ਮੱਤ ਦਾ ਰਾਖਾ ਅਕਾਲ ਪੁਰਖ ਵਾਹਿਗੁਰੂ ।। ਹੇ ਅਕਾਲ ਪੁਰਖ, ਆਪਣੇ ਪੰਥ ਦੇ ਸਦਾ ਸਹਾਈ ਦਾਤਾਰ ਜੀਓ ।। ਸ੍ਰੀ ਨਨਕਾਣਾ ਸਾਹਿਬ ਤੇ ਹੋਰ ਗੁਰਦੁਆਰਿਆਂ ਗੁਰਧਾਮਾਂ ਦੇ, ਜਿਨ੍ਹਾਂ ਤੋਂ ਪੰਥ ਨੂੰ ਵਿਛੋੜਿਆ ਗਿਆ ਹੈ, ਖੁਲ੍ਹੇ ਦਰਸ਼ਨ ਦੀਦਾਰ ਤੇ ਸੇਵਾ ਸੰਭਾਲ ਦਾ ਦਾਨ ਖਾਲਸਾ ਜੀ ਨੂੰ ਬਖਸ਼ੋ ।। ਹੇ ਨਿਮਾਣਿਆ ਦੇ ਮਾਣ, ਨਿਤਾਣਿਆ ਦੇ ਤਾਣ, ਨਿਓਟਿਆਂ ਦੀ ਓਟ, ਸਚੇ ਪਿਤਾ, ਵਾਹਿਗੁਰੂ ।। ਆਪ ਜੀ ਦੇ ਹਜ਼ੂਰ (---- ) ਅਰਦਾਸ ਹੈ ਜੀ ।। ਅਖਰ ਵਾਧਾ ਘਾਟਾ ਭੁੱਲ ਚੁੱਕ ਮਾਫ਼ ਕਰਨੀ ।। ਸਰਬੱਤ ਦੇ ਕਾਰਜ ਰਾਸ ਕਰਨੇ ।। ਸੇਈ ਪਿਆਰੇ ਮੇਲ, ਜਿਨ੍ਹਾਂ ਮਿਲਿਆਂ ਤੇਰਾ ਨਾਮ ਚਿੱਤ ਆਵੇ ।।

ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ ।।

ਵਾਹਿਗੁਰੂ ਜੀ ਕਾ ਖਾਲਸਾ , ਵਾਹਿਗੁਰੂ ਜੀ ਕੀ ਫਤਹਿ ।।

ਨੋਟ -- (---) ਜਿਸ ਕੰਮ ਲਈ ਸੰਗਤ ਜੁੜੀ ਹੈ, ਜੋ ਬਾਣੀ ਪੜ੍ਹੀ ਹੈ, ਉਸਦਾ ਵਰਣਨ ਕਰੋ ।